# ਡਾਇਰੈਕਟਰ ਜਨਰਲ ਸਕੂਲ ਸਿੱਖਿਆ,ਪੰਜਾਬ

ਪੰਜਾਬ ਸਿੱਖਿਆ ਭਵਨ (ਪੀ.ਐਸ.ਈ.ਬੀ.) ਈ ਬਲਾਕ, ਪੰਜਵੀਂ ਮੰਜਿਲ,
ਫੇਜ਼-8, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਪੰਜਾਬ
ਫੋਨ ਨੰ.0172-5212307, 2210019 ਫੈਕਸ ਨੰ. 0172-5212369


ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.),
ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)
ਸਮੂਹ ਸਕੂਲ ਮੁੱਖੀ (ਵੈਬ-ਸਾਈਟ ਤੇ)
ਪੰਜਾਬ।

ਮੀਮੋਂ ਨੰ.ਐਮ.ਡੀ.ਐਮ.ਐਸ./ਜੀ.ਐਮ./2018/14390
ਮਿਤੀ 15 /05/2018

ਵਿਸ਼ਾ:- ਮਲੇਰੀਆ, ਡੇਂਗੂ ਅਤੇ ਹੋਰ ਵੈਕਟਰ ਬੌਰਨ ਬਿਮਾਰੀਆਂ ਅਤੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦਾ ਸੀਜਨ ਸ਼ੁਰੂ ਹੋਣ ਤੋਂ ਪਹਿਲਾਂ ਇਨ੍ਹਾਂ ਬਿਮਾਰੀਆਂ ਤੋਂ ਬਚਾਓ ਅਤੇ ਰੋਕਥਾਮ ਲਈ ਯੋਗ ਉਪਰਾਲੇ ਕਰਨ ਸਬੰਧੀ।

1.0 ਉਪਰੋਕਤ ਵਿਸ਼ੇ ਸਬੰਧੀ ਮਿਤੀ 25 ਅਪ੍ਰੈਲ, 2018 ਨੂੰ ਮਾਨਯੋਗ ਸਿਹਤ ਮੰਤਰੀ, ਪੰਜਾਬ ਜੀ ਦੀ ਪ੍ਰਧਾਨਗੀ ਹੇਠ ਮਲੇਰੀਆ, ਡੇਂਗੂ ਅਤੇ ਹੋਰ ਵੈਕਟਰ ਬੌਰਨ ਬਿਮਾਰੀਆਂ ਅਤੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਓ ਅਤੇ ਰੋਕਥਾਮ ਲਈ ਯੋਗ ਉਪਰਾਲੇ ਕਰਨ ਲਈ ਪੰਜਾਬ ਰਾਜ ਟਾਸਕ ਫੋਰਸ ਦੀ ਮੀਟਿੰਗ ਕੀਤੀ ਗਈ ਸੀ।

2.0 ਉਕਤ ਮੀਟਿੰਗ ਵਿੱਚ ਫੈਸਲਾ ਲਿਆ ਗਿਆ ਹੈ ਕਿ ਸਕੂਲੀਂ ਬੱਚਿਆਂ ਨੂੰ ਉਪਰੋਕਤ ਬਿਮਾਰੀਆਂ ਤੋਂ ਬਚਾਉਣ ਅਤੇ ਰੋਕਥਾਮ ਲਈ ਜਾਗਰੂਕ ਕਰਵਾਉਣ ਹਿੱਤ ਸਵੇਰ ਦੀਆਂ ਵਿਸ਼ੇਸ਼ ਸਭਾਵਾਂ ਵਿੱਚ ਬੱਚਿਆਂ ਨੂੰ ਲੈਕਚਰ ਦਿੱਤੇ ਜਾਣ ਅਤੇ ਬੱਚਿਆਂ ਨੂੰ ਇਨ੍ਹਾਂ ਬਿਮਾਰੀਆਂ ਤੋਂ ਸੁਚੇਤ ਕਰਵਾਉਣ ਹਿੱਤ ਸਕੂਲੀ ਪੱਧਰ ਤੇ ਬੱਚਿਆਂ ਦੇ ਭਾਸ਼ਨ ਮੁਕਾਬਲੇ/ਕੁਇਜ਼ ਕਰਵਾਏ ਜਾਣ ਤਾਂ ਜੋ ਇਨ੍ਹਾਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਹਿੱਤ ਬੱਚਿਆਂ ਦੀ ਜਾਣਕਾਰੀ ਵਿੱਚ ਵਾਧਾ ਹੋ ਸਕੇ।

3.0 ਸਕੂਲੀਂ ਵਿਦਿਆਰਥੀਆਂ ਨੂੰ ਮਲੇਰੀਆਂ ਅਤੇ ਡੇਂਗੂ ਤੋਂ ਬਚਾਅ ਸਬੰਧੀ ਹੇਠ ਲਿਖੀਆਂ ਜਾਣਕਾਰੀਆਂ ਦਿੱਤੀਆਂ ਜਾਣ:-

## ਮਲੇਰੀਆ ਬੁਖਾਰ ਤੋਂ ਬਚਾਓ ਦੇ ਤਰੀਕੇ:-

- ਘਰਾਂ ਦੇ ਆਲੇ ਦੁਆਲੇ ਛੋਟੇ ਟੋਇਆਂ ਵਿੱਚ ਪਾਣੀ ਇੱਕਠਾ ਨਾ ਹੋਣ ਦਿਓ ਅਤੇ ਟੋਇਆਂ ਨੂੰ ਮਿੱਟੀ ਨਾਲ ਭਰ ਦਿਓ।
- ਛੱਪੜਾਂ ਵਿੱਚ ਖੜ੍ਹੇ ਪਾਣੀ ਵਿੱਚ ਕਾਲੇ ਤੇਲ ਦਾ ਛਿੜਕਾਓ ਕਰੋ।
- ਕੱਪੜੇ ਅਜਿਹੇ ਪਹਿਨੋ ਕਿ ਸਰੀਰ ਪੂਰੀ ਤਰ੍ਹਾਂ ਢਕਿਆ ਰਹੇ ਤਾਂ ਕਿ ਤੁਹਾਨੂੰ ਮੱਛਰ ਨਾ ਕੱਟ ਸਕਣ।

- ਸੌਣ ਵੇਲੇ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਆਦਿ ਦਾ ਇਸਤੇਮਾਲ ਕਰੋ।

<u>ਡੇਂਗੂ ਬੁਖਾਰ ਤੋਂ ਬਚਾਓ ਦੇ ਤਰੀਕੇ:-</u>

- ਕੂਲਰਾਂ, ਗਮਲਿਆਂ ਅਤੇ ਫਰਿਜਾਂ ਦੀਆਂ ਟ੍ਰੇਆਂ ਵਿੱਚ ਖੜ੍ਹੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਜ਼ਰੂਰ ਚੰਗੀ ਤਰ੍ਹਾਂ ਸਾਫ਼ ਕਰਕੇ ਸੁਕਾਓ।
- ਛੱਤਾਂ ਤੇ ਰੱਖੀਆਂ ਪਾਣੀ ਦੀਆਂ ਟੈਂਕੀਆਂ ਦੇ ਢੱਕਣਾਂ ਨੂੰ ਚੰਗੀ ਤਰ੍ਹਾਂ ਬੰਦ ਕਰੋ।
- ਟੁੱਟੇ ਬਰਤਨਾਂ, ਡਰੰਮਾਂ ਅਤੇ ਟਾਇਰਾਂ ਆਦਿ ਨੂੰ ਖੁੱਲ੍ਹੇ ਵਿੱਚ ਨਾ ਰੱਖੋ।
- ਘਰਾਂ ਦੇ ਆਲੇ-ਦੁਆਲੇ ਪਾਣੀ ਖੜ੍ਹਾਂ ਨਾ ਹੋਣ ਦਿਓ ਜਾਂ ਖੜ੍ਹੇ ਪਾਣੀ ਵਿੱਚ ਹਫ਼ਤੇ ਵਿੱਚ ਇੱਕ ਵਾਰ ਸੜਿਆ ਕਾਲਾ ਤੇਲ ਜਾਂ ਮਿੱਟੀ ਦਾ ਤੇਲ ਪਾ ਦਿਓ।
- ਇਹ ਮੱਛਰ ਦਿਨ ਵੇਲੇ ਕੱਟਦਾ ਹੈ ਇਸ ਲਈ ਅਜਿਹੇ ਕੱਪੜੇ ਪਹਿਨੋ ਜਿਸ ਨਾਲ ਸਰੀਰ ਪੂਰੀ ਤਰ੍ਹਾਂ ਢੱਕਿਆ ਰਹੇ।
- ਘਰਾਂ ਅਤੇ ਦਫ਼ਤਰਾਂ ਵਿੱਚ ਮੱਛਰ ਭਜਾਓ ਕਰੀਮਾਂ/ਤੇਲ ਆਦਿ ਦੀ ਵਰਤੋਂ ਕਰੋ।
- ਸੌਣ ਸਮੇਂ ਮੱਛਰ ਦਾਨੀ ਦੀ ਵਰਤੋਂ ਕਰੋ।
- ਬੁਖਾਰ ਵਿੱਚ ਪੈਰਾਸੀਟਾਮੋਲ ਜਾਂ ਕਰੋਸੀਨ ਦੀ ਹੀ ਵਰਤੋਂ ਕਰੋ।
- ਬੁਖਾਰ ਵਿੱਚ ਐਸਪੀਰਿਨ ਜਾਂ ਬਰੂਫਨ ਦੀ ਵਰਤੋਂ ਨਹੀਂ ਕੀਤੀ ਜਾਣੀ ਚਾਹੀਦੀ।
- ਮਲੇਰੀਆਂ, ਡੇਂਗੂ ਅਤੇ ਵੈਕਟਰ ਬੌਰਨ ਬਿਮਾਰੀਆਂ ਅਤੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਣ ਲਈ ਸਕੂਲਾਂ ਵਿੱਚ ਸਾਫ਼ ਸਫਾਈ ਰੱਖਣ ਲਈ ਜ਼ਰੂਰੀ ਉਪਰਾਲੇ ਕੀਤੇ ਜਾਣ।

4.0 ਸਕੂਲਾਂ ਅਤੇ ਦਫਤਰਾਂ ਵਿੱਚ ਪੀਣ ਵਾਲੇ ਪਾਣੀ ਅਤੇ ਸਕੂਲ/ਦਫਤਰ ਦੀ ਸਾਫ਼-ਸਫ਼ਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ।

- ਕੂਲਰਾਂ, ਗਮਲਿਆਂ ਵਿੱਚ ਖੜ੍ਹੇ ਪਾਣੀ ਨੂੰ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਚੰਗੀ ਤਰ੍ਹਾਂ ਸਾਫ਼ ਕਰਕੇ ਸੁਕਾਓ।
- ਛੱਤਾਂ ਤੇ ਰੱਖੀਆਂ ਪਾਣੀ ਦੀਆਂ ਟੈਂਕੀਆਂ ਦੇ ਢੱਕਣਾਂ ਨੂੰ ਚੰਗੀ ਤਰ੍ਹਾਂ ਬੰਦ ਕਰੋ।
- ਸਕੂਲ ਵਿਖੇ ਨਾ-ਵਰਤਣਯੋਗ ਸਮਾਨ ਇਸ ਢੰਗ ਨਾਲ ਰੱਖਿਆ ਜਾਵੇ ਕਿ ਉਸ ਵਿੱਚ ਪਾਣੀ ਖੜਾ ਨਾ ਹੋ ਸਕੇ।
- ਸਕੂਲਾਂ ਦੇ ਆਲੇ-ਦੁਆਲੇ ਪਾਣੀ ਨਾ ਖੜ੍ਹਾ ਹੋਣ ਦਿਓ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਪਿੱ.ਅ.ਨੰ.ਐਮ.ਡੀ.ਐਮ.ਐਸ./ਜੀ.ਐਮ./2018/4391 ਮਿਤੀ 14 /05/2018

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਯੋਗ ਕਾਰਵਾਈ ਅਤੇ ਰਿਪੋਰਟ ਹਿੱਤ ਭੇਜਿਆ ਜਾਂਦਾ ਹੈ:-

1) ਸਹਾਇਕ ਡਾਇਰੈਕਟਰ, ਸਿਹਤ ਸਿੱਖਿਆ, ਪੰਜਾਬ

2) ਸਮੂਹ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.), ਪੰਜਾਬ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ